## TODAY'S HUKAMNAMA FROM SRI DARBAR SAHIB, Sri Amritsar.

### ਸੋਰਠਿ ਮਹਲਾ ੫ ॥

**ਅੰਤਰ ਕੀ ਗਤਿ ਤੁਮ ਹੀ ਜਾਨੀ ਤੁਝ ਹੀ ਪਾਹਿ ਨਿਬੇਰੋ ॥ ਬਖਸਿ ਲੈਹੁ ਸਾਹਿਬ ਪ੍ਰਭ ਅਪਨੇ ਲਾਖ ਖਤੇ ਕਰਿ ਫੇਰੋ ॥੧॥ ਪ੍ਰਭ ਜੀ ਤੂ ਮੇਰੋ ਠਾਕੁਰੁ ਨੇਰੋ ॥ ਹਰਿ ਚਰਣ ਸਰਣ ਮੋਹਿ ਚੇਰੋ ॥੧॥ ਰਹਾਉ ॥ ਬੇਸੁਮਾਰ ਬੇਅੰਤ ਸੁਆਮੀ ਊਚੋ ਗੁਨੀ ਗਹੇਰੋ ॥ ਕਾਟਿ ਸਿਲਕ ਕੀਨੋ ਅਪੁਨੋ ਦਾਸਰੋ ਤਉ ਨਾਨਕ ਕਹਾ ਨਿਹੋਰੋ ॥੨॥੭॥੩੫॥**

(ਅੰਗ: ੬੧੮)

ਪੰਜਾਬੀ ਵਿਆਖਿਆ:

### ਸੋਰਠਿ ਮਹਲਾ ੫ ॥

**ਹੇ ਮੇਰੇ ਆਪਣੇ ਮਾਲਕ ਪ੍ਰਭੂ! ਮੇਰੇ ਦਿਲ ਦੀ ਹਾਲਤ ਤੂੰ ਹੀ ਜਾਣਦਾ ਹੈਂ, ਤੇਰੀ ਸਰਣ ਪਿਆਂ ਹੀ (ਮੇਰੀ ਅੰਦਰਲੀ ਮੰਦੀ ਹਾਲਤ ਦਾ) ਖ਼ਾਤਮਾ ਹੋ ਸਕਦਾ ਹੈ । ਮੈਂ ਲੱਖਾਂ ਪਾਪ ਕਰਦਾ ਫਿਰਦਾ ਹਾਂ । ਹੇ ਮੇਰੇ ਮਾਲਕ! ਮੈਨੂੰ ਬਖ਼ਸ਼ ਲੈ ।੧। ਹੇ ਪ੍ਰਭੂ ਜੀ! ਤੂੰ ਮੇਰਾ ਪਾਲਣਹਾਰਾ ਮਾਲਕ ਹੈਂ, ਮੇਰੇ ਅੰਗ-ਸੰਗ ਵੱਸਦਾ ਹੈਂ । ਹੇ ਹਰੀ! ਮੈਨੂੰ ਆਪਣੇ ਚਰਨਾਂ ਦੀ ਸਰਣ ਵਿਚ ਰੱਖ, ਮੈਨੂੰ ਆਪਣਾ ਦਾਸ ਬਣਾਈ ਰੱਖ।੧।ਰਹਾਉ।ਹੇ ਬੇਸ਼ੁਮਾਰ ਪ੍ਰਭੂ! ਹੇ ਬੇਅੰਤ! ਹੇ ਮੇਰੇ ਮਾਲਕ! ਤੂੰ ਉੱਚੀ ਆਤਮਕ ਅਵਸਥਾ ਵਾਲਾ ਹੈਂ, ਤੂੰ ਸਾਰੇ ਗੁਣਾਂ ਦਾ ਮਾਲਕ ਹੈਂ, ਤੂੰ ਡੂੰਘਾ ਹੈਂ । ਹੇ ਨਾਨਕ! (ਆਖ—ਹੇ ਪ੍ਰਭੂ! ਜਦੋਂ ਤੂੰ ਕਿਸੇ ਮਨੁੱਖ ਦੀ ਵਿਕਾਰਾਂ ਦੀ) ਫਾਹੀ ਕੱਟ ਕੇ ਉਸ ਨੂੰ ਆਪਣਾ ਦਾਸ ਬਣਾ ਲੈਂਦਾ ਹੈਂ, ਤਦੋਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ ।੨।੭।੩੫।**

English Translation:

### SORAT'H, FIFTH MEHL:

Only You know the state of my innermost self; You alone can judge me. Please forgive me, O Lord God Master; I have committed thousands of sins and mistakes. || 1 || O my Dear Lord God Master, You are always near me. O Lord, please bless Your disciple with the shelter of Your feet. || 1 || Pause || Infinite and endless is my Lord and Master; He is lofty, virtuous and profoundly deep. Cutting away the noose of death, the Lord has made Nanak His slave, and now, what does he owe to anyone else? || 2 || 7 || 35 ||

https://sikhizm.com/hukamnama/antar-ki-gat-tumhi-jaani/

(Page: 618)